ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ

ਹੁਕਮ ਨੰ:10/260-11 ਅ3(1) (ਕੋ:ਸੈ-4)
ਮਿਤੀ, ਐਸ.ਏ.ਐਸ.ਨਗਰ :-17-10-2014

ਸ਼੍ਰੀ ਕਸਮੀਰ ਸਿੰਘ, ਮੈਥ ਮਾਸਟਰ, ਸ.ਸ.ਸ.ਸ ਬਕਾਪੁਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਡਾਇਰੈਕਟੋਰੇਟ ਦੇ ਹੁਕਮ ਨੰ:10/260-11 ਅ3(1) ਮਿਤੀ 09-01-2012/06-11-2012 ਰਾਂਹੀ ਮਿਤੀ 17-03-2006 ਤੋ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮੇਜਰ ਸਜਾ ਦੇਣ ਲਈ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5(viii) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰੀ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਸ਼੍ਰੀ ਸ਼ਾਮ ਲਾਲ, ਪ੍ਰਿੰਸੀਪਲ, ਸ.ਸ.ਸ.ਸ ਮੰਢਾਲੀ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਡਾਇਰੈਕਟੋਰੇਟ ਦੇ ਹੁਕਮ ਨੰ: ਨੰ:10/260-11ਅ3(1) ਮਿਤੀ 23-05-2012/17-07-2012 ਰਾਂਹੀ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਪੱਤਰ ਨੰ: 456-459 ਮਿਤੀ 12-12-2013 ਰਾਂਹੀ ਕਰਮਚਾਰੀ ਵਿਰੁੱਧ ਮਿਤੀ 17-03-2006 ਤੋ ਸਰਕਾਰੀ ਡਿਊਟੀ ਤੋ ਲਗਾਤਾਰ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਹੋਣ ਸਬੰਧੀ ਇਸ ਦਫਤਰ ਨੂੰ ਸੂਚਿਤ ਕੀਤਾ ਗਿਆ ਹੈ। ਸ਼੍ਰੀ ਕਸਮੀਰ ਸਿੰਘ, ਮੈਥ ਮਾਸਟਰ, ਸ.ਸ.ਸ.ਸ ਬਕਾਪੁਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਲਈ ਕੁਦਰਤੀ ਇਨਸਾਫ ਨੂੰ ਮੁੱਖ ਰਖਦਿਆਂ ਮਿਤੀ 27-05-2014 ਨੂੰ ਦੋ ਅਖਬਾਰਾਂ ਵਿੱਚ ਪਬਲਿਕ-ਨੋਟਿਸ ਛਪਵਾਇਆ ਗਿਆ। ਜਿਸ ਵਿਚ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਪੱਖ ਪੇਸ਼ ਕਰੇ। ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਨਿੱਜੀ ਤੌਰ ਤੇ ਪੇਸ਼ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਕਰਮਚਾਰਨ ਵਲੋ ਮਿਤੀ 17-03-2006 ਤੋ ਸਰਕਾਰੀ ਡਿਊਟੀ ਤੋ ਅਣ-ਅਧਿਕਾਰਤ ਤੋਰ ਤੇ ਗੈਰ-ਹਾਜਰ ਹੋਣ ਕਾਰਣ ਬੱਚਿਆ ਦੀ ਪੜਾਈ ਦਾ ਨੁਕਸਾਨ ਹੋਇਆ ਹੈ। ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ। ਪੰਜਾਬ ਸਿਵਲ ਸੇਵਾਵਾਂ ਵਾਲਿਯੂਮ -1 ਪਾਰਟ-1 , ਦੇ ਨਿਯਮ 3.25 ਅਧੀਨ ਕਿਸੇ ਵੀ ਕਰਮਚਾਰੀ ਦੇ 5 ਸਾਲ ਤੋ ਜਿਆਦਾ ਸਮੇ ਗੈਰ -ਹਾਜਰ ਰਹਿਣ ਤੇ ਉਸ ਦੀਆਂ ਸੇਵਾਵਾਂ ਖਤਮ ਕਰਨ ਦਾ ਉਪਬੰਧ ਹੈ।

ਮੈਂ ਡਾ. ਕਮਲ ਕੁਮਾਰ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਵਿਚ ਦਿੱਤੀਆ ਸ਼ਕਤੀਆਂ ਦੀ ਵਰਤੋ ਕਰਦੇ ਹੋਏ ਸ਼੍ਰੀ ਕਸਮੀਰ ਸਿੰਘ, ਮੈਥ ਮਾਸਟਰ, ਸ.ਸ.ਸ.ਸ ਬਕਾਪੁਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 17-03-2006 ਤੋ ਹੁਣ ਤੱਕ ਲਗਾਤਾਰ ਜਾਣਬੁਝ ਕੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਡਾ. ਕਮਲ ਕੁਮਾਰ,
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ 1720-1723 ਮਿਤੀ, ਐਸ.ਏ.ਐਸ.ਨਗਰ :-17-11-14

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ,ਜਲੰਧਰ ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਸ਼ਹੀਦ ਭਗਤ ਸਿੰਘ ਨਗਰ ਨੂੰ ਕਰਮਚਾਰੀ ਦੀ ਸੇਵਾ ਪੱਤਰੀ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ਮੁੱਖਅਧਿਆਪਕ, ਸ.ਸ.ਸ.ਸ ਬਕਾਪੁਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ਼੍ਰੀ ਕਸਮੀਰ ਸਿੰਘ, ਮੈਥ ਮਾਸਟਰ, ਸ.ਸ.ਸ.ਸ ਬਕਾਪੁਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

14-11-14

ਸੁਪਰਡੰਟ ਕੋਆਰਡੀਨੇਸ਼ਨ ਸੈਲ

Net